# ਸੋਮਵਾਰ 21 ਮਈ 2018 ਤੋਂ ਐਤਵਾਰ 27 ਮਈ 2018 ਤੱਕ

- **23.5.18 ਬੁੱਧਵਾਰ: -** ਪ੍ਰਕਾਸ਼ ਸ੍ਰੀ ਗੁਰੂ ਅਮਰਦਾਸ ਜੀ ।
- **4.30 ਵਜ਼ੇ:-** ਬੀਬੀ ਰਣਜੀਤ ਕੌਰ ਥਾਂਦੀ ਵਲੋਂ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਰਹਿਰਾਸ ਦੇ ਪਾਠ ਉਪਰੰਤ ਦੀਵਾਨ ਸੱਜਣਗੇ ਹਜ਼ੂਰੀ ਜਥਾ ਕੀਰਤਨ ਕਰੇਗਾ ਬਾਅਦ ਵਿਚ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ਅਤੇ ਸਾਰੀ ਸੇਵਾ ਸਾਧ ਸੰਗਤ ਵਲੋਂ ਹੋਵੇਗੀ। ਹੋਵੇਗੀ ਦੇਗਾਂ ਦੀਆਂ ਸੇਵਾਵਾਂ: ਸ ਅਮਰਜੀਤ ਸਿੰਘ , ਸ੍ਰ:ਹਰਜਿੰਦਰ ਸਿੰਘ ਅਤੇ ਬੀਬੀ ਤਰਸੇਮ ਕੌਰ, ਬੀਬੀ ਪਵਨਦੀਪ ਕੌਰ, ਹੀਰਾ ਜਵੈਲਰ, ਨੀਲ ਕਮਲ ਸ ਬਿਕ੍ਰਮਜੀਤ ਸਿੰਘ ਥਾਂਦੀ ਅਤੇ ਬੀਬੀ ਰਣਜੀਤ ਕੌਰ ਅਤੇ ਸ੍ਰ ਸੁਚਾ ਸਿੰਘ ਬੈਂਸ ਪਰਿਵਾਰਾਂ ਵਲੋਂ ਹੋਣਗੀਆਂ।

- **24.5.18 ਵੀਰਵਾਰ:- 6.00 ਵੱਜ਼ੇ:-** ਰਹਿਰਾਸ ਸਾਹਿਬ ਦੇ ਪਾਠ ਹੋਣਗੇ ਉਪਰੰਤ ਹਜ਼ੂਰੀ ਜਥਾ ਸ਼ਬਦ ਕੀਰਤਨ ਕਰੇਗਾ ਅਤੇ ਸਾਰੀ ਸੇਵਾ ਹੋਵੇਗੀ।

**25.5.18 ਸ਼ੁਕਰਵਾਰ: - 10.00 ਵਜ਼ੇ:-** ਸਾਧ ਸੰਗਤ ਵੱਲੋਂ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਦੇ ਸਬੰਧ ਵਿੱਚ ਸ੍ਰੀ ਅਖੰਡ ਪਾਠ ਸਾਹਿਬ 10.00 ਵਜ਼ੇ ਅਰੰਭ ਹੋਣਗੇ ਸਾਰੀ ਸੇਵਾ ਹੋਵੇਗੀ।

- **ਦੇਗਾਂ ਦੀਆਂ ਸੇਵਾਵਾਂ: -** ਸ੍ਰ ਸੁਰਜੀਤ ਸਿੰਘ ਸੇਖੋਂ, ਸ੍ਰ: ਸੁਰਜੀਤ ਸਿੰਘ ਸ਼ੇਰਗਿੱਲ ਤੇ ਬੀਬੀ ਗੁਰਦੀਪ ਕੌਰ ਸ਼ੇਰਗਿੱਲ, ਸ੍ਰ: ਅਵਤਾਰ ਸਿੰਘ ਤੇ ਬੀਬੀ ਕੁਲਵਿੰਦਰ ਕੌਰ ਪੁਰੇਵਾਲ, ਬੀਬੀ ਸੁਰਿੰਦਰ ਕੌਰ ਪੁਰੇਵਾਲ, ਸ੍ਰ: ਕਸ਼ਮੀਰ ਸਿੰਘ ਤੇ ਬੀਬੀ ਸੁਰਿੰਦਰ ਕੌਰ ਨਾਗਰਾ, ਸ੍ਰ: ਸੇਵਾ ਸਿੰਘ ਅੱਟਾ ਤੇ ਬੀਬੀ ਅਵਤਾਰ ਕੌਰ ਅੱਟਾ, ਬੀਬੀ ਅਮਰਜੀਤ ਕੌਰ ਸੰਧੂ ਤੇ ਸ੍ਰ: ਗੁਰਦੇਵ ਸਿੰਘ ਔਲਖ ਸ੍ਰ: ਰਣਜੀਤ ਸਿੰਘ ਬਾਸੀ, ਸ੍ਰ ਛਿੰਦਾ ਸਿੰਘ ਥਾਂਦੀ ਤੇ ਸਵ: ਨਿਰਮਲ ਸਿੰਘ ਪੁਰੇਵਾਲ ਦੇ ਪ੍ਰੀਵਾਰਾਂ ਵਲੋਂ ਹੋਣਗੀਆਂ।

- **26.5.18 ਸ਼ਨਿਚਰਵਾਰ: - 10.30 ਵਜੇ:-** ਬੀਬੀ ਹਰਵਿੰਦਰ ਕੌਰ ਅਤੇ ਪਰਿਵਾਰ ਵਲੋਂ ਸੁਖਮਨੀ ਸਾਹਿਬ ਦੇ ਪਾਠ ਉਪਰਲੇ ਹਾਲ ਵਿੱਚ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।
- **3.30 ਵਜੇ:-** ਸ੍ਰ ਪੀਟਰ ਸਿੰਘ ਪਰਿਵਾਰ ਵਲੋਂ ਸੁਖਮਨੀ ਸਾਹਿਬ ਦੇ ਪਾਠ ਉਪਰਲੇ ਹਾਲ ਵਿੱਚ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ।
- **4.00 ਵਜ਼ੇ:-** ਸ਼ਾਮ ਨੂੰ ਬੀਬੀਆਂ ਸਿਮਰਨ ਕਰਨਗੀਆਂ।

- **27.5.18 ਐਤਵਾਰ:-** **Punjabi School closed.**
- **8.30 ਵਜ਼ੇ: -** ਸਾਧ ਸੰਗਤ ਵਲੋਂ ਗੁਰੂ ਅਮਰਦਾਸ ਜੀ ਦੇ ਪ੍ਰਕਾਸ਼ ਦੇ ਸਬੰਧ ਵਿੱਚ ਰਖਾਏ ਹੋਏ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ 8.30 ਵਜ਼ੇ ਪੈਣਗੇ ਉਪਰੰਤ ਸ੍ਰ ਅਮਨ ਸਿੰਘ ਅਤੇ ਪਰਿਵਾਰ ਵਲੋਂ ਦੋਹਰੇ ਸੁਖਮਨੀ ਸਾਹਿਬ ਦੇ ਪਾਠ ਹੋਣਗੇ ਅਤੇ ਸਾਰੀ ਸੇਵਾ ਹੋਵੇਗੀ। ਬਾਅਦ'ਚ ਹਜ਼ੂਰੀ ਜਥਾ ਕੀਰਤਨ ਕਰੇਗਾ ਉਪਰੰਤ ਐਡੀਟਰ ਸ ਸੇਵਾ ਸਿੰਘ ਅੱਟਾ ਦੋ ਸਾਲ ਦੀ ਰੀਪੋਰਟ ਦੇਣਗੇ, ਬੀਬੀਆਂ ਕੀਰਤਨ ਕਰਨਗੀਆਂ ਬਾਅਦ ਵਿੱਚ ਸਤਿਕਾਰਯੋਗ ਹੈਡ ਗ੍ਰੰਥੀ ਗਿਆਨੀ ਗੁਰਮੀਤ ਸਿੰਘ ਜੀ ਕਥਾ ਕਰਨਗੇ ।

- **28 May Spring Bank Holiday.**

## ਗੁਰੂ ਅਮਰਦਾਸ

- **ਸ੍ਰੀ ਗੁਰੂ ਅਮਰਦਾਸ ਜੀ** ਸਿੱਖ ਕੌਮ ਦੇ ਤੀਜੇ ਗੁਰੂ ਸਨ। ਗੁਰੂ ਜੀ ਮੁਗਲ ਸਮਰਾਟ ਅਕਬਰ ਦੇ ਸਮਕਾਲੀ ਸਨ। ਗੁਰੂ ਅਮਰਦਾਸ ਜੀ ਸਭ ਗੁਰੂਆਂ ਤੋਂ ਲੰਮੀ ਉਮਰ ਬਤੀਤ ਕਰਨ ਵਾਲੇ ਅਤੇ ਗੁਰੂ ਨਾਨਕ ਦੇਵ ਜੀ ਤੋਂ ਕੇਵਲ ਦਸ ਵਰ੍ਹੇ ਹੀ ਛੋਟੇ ਸਨ।
- **ਵਿਸ਼ਾ ਸੂਚੀ**
- **ਮੁੱਢਲਾ ਜੀਵਨ:-** ਗੁਰੂ ਅਮਰਦਾਸ ਜੀ ਦਾ ਜਨਮ 5 ਮਈ 1479 ਈਸਵੀ (ਵਿਸਾਖ ਸੁਦੀ 14 ਸੰਮਤ 1536) [1] ਵਿੱਚ ਹੁਣ ਜ਼ਿਲ੍ਹਾ ਅੰਮ੍ਰਿਤਸਰ ਵਿੱਚ ਸਥਿਤ ਬਾਸਰਕੇ ਨਾਮੀ ਪਿੰਡ ਵਿੱਚ ਮਾਤਾ ਸੁਲੱਖਣੀ ਦੇ ਗ੍ਰਹਿ ਵਿਖੇ ਹੋਇਆ। ਆਪ ਦੇ ਪਿਤਾ ਤੇਜ ਭਾਨ, ਭੱਲਾ ਪਰਿਵਾਰ ਦੇ ਇੱਕ ਛੋਟੇ ਜਿਹੇ ਵਪਾਰੀ ਸਨ। 24 ਸਾਲ ਦੀ ਉਮਰ ਵਿੱਚ ਤੀਜੇ ਗੁਰੂ ਜੀ ਦਾ ਵਿਆਹ ਹੋ ਗਿਆ ਤੇ ਉਨ੍ਹਾਂ ਦੇ ਘਰ ਦੋ ਪੁੱਤਰ ਮੋਹਣ ਤੇ ਮੋਹਰੀ ਅਤੇ ਦੋ ਪੁੱਤਰੀਆਂ ਬੀਬੀ ਦਾਨੀ ਤੇ ਬੀਬੀ ਭਾਨੀ ਪੈਦਾ ਹੋਈਆਂ।

- ਗੁਰੂ ਅਮਰਦਾਸ ਜੀ ਪੱਕੇ ਵੈਸ਼ਨੂੰ ਮੱਤ ਦੇ ਅਨੁਯਾਈ ਸਨ ਤੇ ਹਰ ਸਾਲ ਗੰਗਾ ਇਸ਼ਨਾਨ ਲਈ ਜਾਇਆ ਕਰਦੇ ਸਨ। ਇੱਕ ਦਿਨ ਉਹ ਗੰਗਾ ਯਾਤਰਾ ਤੋਂ ਵਾਪਸ ਆ ਰਹੇ ਸਨ ਤਾਂ ਉਨ੍ਹਾਂ ਦੀ ਮੁਲਾਕਾਤ ਇੱਕ ਸਾਧੂ ਨਾਲ ਹੋਈ। ਅਮਰਦਾਸ ਜੀ ਨੇ ਉਸ ਸਾਧੂ ਨੂੰ ਭੋਜਨ ਛਕਾਇਆ। ਭੋਜਨ

ਛਕਣ ਤੋਂ ਬਾਅਦ ਸਾਧੂ ਨੇ ਅਮਰਦਾਸ ਜੀ ਕੋਲੋਂ ਉਨ੍ਹਾਂ ਦੇ ਗੁਰੂ ਬਾਰੇ ਪੁੱਛਿਆ ਤਾਂ ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਗੁਰੂ ਕੋਈ ਨਹੀਂ। ਉਹ ਕ੍ਰੋਧਿਤ ਹੋ ਉਠਿਆ ਅਤੇ ਕਹਿਣ ਲੱਗਿਆ, ਮੈਂ ਗੁਰੂਹੀਣ ਵਿਅਕਤੀ ਦੇ ਹੱਥੋਂ ਭੋਜਨ ਕਰ ਕੇ ਬਹੁਤ ਵੱਡਾ ਪਾਪ ਕੀਤਾ ਹੈ ਅਤੇ ਮੈਨੂੰ ਇਹ ਪਾਪ ਧੋਣ ਲਈ ਫਿਰ ਗੰਗਾ ਜਾਣਾ ਪਵੇਗਾ। ਇਹ ਸ਼ਬਦ ਸੁਣ ਕੇ ਅਮਰਦਾਸ ਜੀ ਦਾ ਮਨ ਬੜਾ ਦੁਖੀ ਹੋਇਆ ਤੇ ਉਨ੍ਹਾਂ ਨੇ ਈਸ਼ਵਰ ਅੱਗੇ ਗੁਰੂ ਲਈ ਪ੍ਰਾਰਥਨਾ ਕੀਤੀ।

- **ਸੇਵਾ ਤੇ ਸਿਮਰਨ ਦੇ ਪੁੰਜ**

---

- ਇੱਕ ਦਿਨ ਗੁਰੂ ਅਮਰਦਾਸ ਜੀ ਨੇ ਬੀਬੀ ਅਮਰੋ ਜੋ ਗੁਰੂ ਜੀ ਦੇ ਭਰਾ ਦੀ ਨੂੰਹ ਸੀ, ਦੇ ਮੁਖ ਤੋਂ ਗੁਰੂ ਨਾਨਕ ਦੇਵ ਜੀ ਦੀ ਬਾਣੀ ਦੇ ਕੁਝ ਸ਼ਬਦ ਸੁਣੇ। ਇਹ ਮਿੱਠੇ ਸ਼ਬਦ ਸੁਣ ਕੇ ਅਮਰਦਾਸ ਜੀ ਦੇ ਮਨ ਉੱਤੇ ਡੂੰਘਾ ਪ੍ਰਭਾਵ ਪਿਆ। ਉਨ੍ਹਾਂ ਬੀਬੀ ਅਮਰੋ ਨੂੰ ਕਿਹਾ ਕਿ ਉਹ ਉਨ੍ਹਾਂ ਨੂੰ ਆਪਣੇ ਪਿਤਾ ਜੀ ਪਾਸ ਲੈ ਚੱਲੋ। ਬੀਬੀ ਅਮਰੋ ਦੇ ਉਨ੍ਹਾਂ ਨੂੰ ਉਥੇ ਲਿਜਾਣ 'ਤੇ ਅਮਰਦਾਸ ਜੀ ਗੁਰੂ ਅੰਗਦ ਦੇਵ ਜੀ ਦੇ ਚਰਨੀ ਪੈ ਗਏ ਤੇ ਬਾਅਦ ਵਿੱਚ ਉਨ੍ਹਾਂ ਦੇ ਪੱਕੇ ਸ਼ਰਧਾਲੂ ਬਣ ਗਏ। ਉਸ ਸਮੇਂ ਅਮਰਦਾਸ ਜੀ ਦੀ ਉਮਰ ਤਕਰੀਬਨ 62 ਸਾਲਾਂ ਦੀ ਸੀ। ਉਨ੍ਹਾਂ ਨੇ ਗੁਰੂ ਸਾਹਿਬ ਦੇ ਕੋਲ ਖਡੂਰ ਸਾਹਿਬ ਵਿਖੇ ਨਿਵਾਸ ਕਰ ਲਿਆ ਅਤੇ ਅਗਲੇ ਗਿਆਰਾਂ ਸਾਲਾਂ ਵਿੱਚ ਉਨ੍ਹਾਂ ਨੇ ਤਨ-ਮਨ ਨਾਲ ਗੁਰੂ ਅੰਗਦ ਦੇਵ ਜੀ ਦੀ ਸੇਵਾ ਕੀਤੀ। ਅਮਰਦਾਸ ਜੀ ਹਰ ਰੋਜ਼ ਪ੍ਰਭਾਤ ਵੇਲੇ ਬਿਆਸ ਨਦੀ 'ਤੇ ਗੁਰੂ ਸਾਹਿਬ ਦੇ ਇਸ਼ਨਾਨ ਕਰਨ ਲਈ ਪਾਣੀ ਲਿਆਇਆ ਕਰਦੇ ਸਨ। ਕਈ ਲੋਕ ਉਨ੍ਹਾਂ ਨੂੰ 'ਨੌਕਰ, ਪਾਗਲ, ਕਹਾਰ' ਭਾਵ ਪਾਣੀ ਢੋਣ ਵਾਲਾ ਆਦਿ ਕਹਿ ਕੇ ਉਨ੍ਹਾਂ ਦਾ ਮਖੌਲ ਉਡਾਉਂਦੇ ਸਨ। ਅਮਰਦਾਸ ਜੀ ਇਨ੍ਹਾਂ ਨਿਰਾਦਰੀ ਭਰੇ ਸ਼ਬਦਾਂ ਦੀ ਕੋਈ ਪਰਵਾਹ ਨਹੀਂ ਕਰਦੇ ਸਨ। ਉਨ੍ਹਾਂ ਦੇ ਮਨ ਵਿੱਚ ਆਪਣੇ ਗੁਰੂ ਲਈ ਸਤਿਕਾਰ ਸੀ। ਉਹ ਆਪਣੇ ਘਰ ਵਿੱਚ ਵੀ ਗੁਰੂ ਦੇ ਸਥਾਨ ਵੱਲ ਪਿੱਠ ਨਹੀਂ ਕਰਦੇ ਸਨ।
- **ਨਿਥਾਵਿਆਂ ਦੀ ਥਾਂ**

---

- ਇੱਕ ਰਾਤ ਸਖ਼ਤ ਸਰਦੀ ਦੇ ਨਾਲ ਮੀਂਹ ਪੈ ਰਿਹਾ ਸੀ। ਅਮਰਦਾਸ ਪਾਣੀ ਲੈ ਕੇ ਵਾਪਸ ਆ ਰਹੇ ਸਨ ਤਾਂ ਇੱਕ ਜੁਲਾਹੇ ਦੇ ਘਰ ਦੇ ਅੱਗੇ ਖੱਡੀ ਦੇ ਕਿੱਲੇ ਨਾਲ ਠੋਕਰ ਲੱਗਣ ਨਾਲ ਡਿੱਗ ਪਏ। 'ਕੌਣ ਹੈ?' ਜੁਲਾਹੇ ਦੀ ਪਤਨੀ ਨੇ ਪੁੱਛਿਆ। ਹੋਵੇਗਾ, ਉਹ ਅਮਰ ਨਿਥਾਵਾਂ ਜਿਸ ਨੂੰ ਦਿਨੇ ਚੈਨ ਤੇ ਨਾ ਰਾਤੀਂ ਆਰਾਮ। ਪਤੀ ਨੇ ਉੱਤਰ ਦਿੱਤਾ। ਗੁਰੂ ਅੰਗਦ ਦੇਵ ਜੀ ਨੇ ਇਹ ਕਿੱਸਾ ਸੁਣਿਆ ਤਾਂ ਕਿਹਾ ਕਿ **ਅਮਰੂ ਅੱਜ ਤੋਂ ਨਿਥਾਵਿਆਂ ਦੀ ਥਾਂ, ਨਿਆਸਰਿਆਂ ਦਾ ਆਸਰਾ, ਨਿਘਰਿਆਂ ਦਾ ਘਰ ਅਤੇ ਇਹ ਕੁਝ 12 ਨਾਵਾਂ ਨਾਲ ਪ੍ਰਸੰਸਾ ਕੀਤੀ।** ਗੁਰੂ ਅੰਗਦ ਦੇਵ ਜੀ ਅਮਰਦਾਸ ਜੀ ਦੀ ਸ਼ਰਧਾ, ਸੇਵਾ ਭਾਵਨਾ, ਹਲੀਮੀ ਅਤੇ ਨਿਮਰਤਾ ਤੋਂ ਪ੍ਰਭਾਵਿਤ ਹੋਏ। ਸਿੱਖ ਪਰੰਪਰਾ ਅਨੁਸਾਰ ਗੁਰੂ ਅੰਗਦ ਦੇਵ ਜੀ ਨੇ ਅਮਰਦਾਸ ਜੀ ਨੂੰ ਆਪਣਾ ਉੱਤਰਾਧਿਕਾਰੀ ਹੋਣ ਦਾ ਐਲਾਨ ਕਰ ਦਿੱਤਾ। ਮਾਰਚ 1552 ਈਸਵੀ ਵਿੱਚ ਅਮਰਦਾਸ ਜੀ ਦੇ ਗੁਰਗੱਦੀ ਉੱਤੇ ਬੈਠਣ ਦੀ ਸਾਧਾਰਨ ਰਸਮ ਕੀਤੀ ਗਈ।
- **ਕਾਰਜ**

---

- ਗੁਰੂ ਅਮਰਦਾਸ ਜੀ ਨੂੰ ਗੱਦੀ ਉੱਤੇ ਬੈਠਣ ਸਮੇਂ ਅਨੇਕਾਂ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਿਆ। ਮੁਸ਼ਕਲਾਂ ਨੂੰ ਚੀਰਦੇ ਹੋਏ ਆਪ ਨੇ ਸਿੱਖ ਮੱਤ ਦੇ ਸੰਗਠਨ ਤੇ ਵਿਕਾਸ ਲਈ ਅਨੇਕਾਂ ਕੰਮ ਵੀ ਕੀਤੇ, ਜਿਹਨਾਂ ਵਿੱਚੋਂ ***ਗੋਇੰਦਵਾਲ ਵਿੱਚ ਬਉਲੀ ਦਾ ਨਿਰਮਾਣ, ਲੰਗਰ ਸੰਸਥਾ ਦਾ ਵਿਸਥਾਰ, ਸ਼ਬਦਾਂ ਦੇ ਸੰਗ੍ਰਹਿ ਤੇ ਸੰਗਠਨ ਤੋਂ ਇਲਾਵਾ ਸਮਾਜਿਕ ਸੁਧਾਰ ਵੀ ਕੀਤੇ। ਉਨ੍ਹਾਂ ਨੇ ਜਾਤੀ ਭੇਦਭਾਵ ਅਤੇ ਛੂਤਛਾਤ ਦਾ ਖੰਡਨ ਕੀਤਾ, ਸਤੀ ਪ੍ਰਥਾ ਦੀ ਨਿਖੇਧੀ ਕੀਤੀ। ਪਰਦੇ ਦੀ ਪ੍ਰਥਾ ਦੀ ਮਨਾਹੀ, ਨਸ਼ਿਆਂ ਦੀ ਨਿਖੇਧੀ, ਮੌਤ, ਵਿਆਹ ਤੇ ਜਨਮ ਸੰਬੰਧੀ ਰੀਤਾਂ ਵਿੱਚ ਸੁਧਾਰ*** ਕੀਤਾ। ***ਲੰਗਰ ਅਤੇ ਪੰਗਤ*** ਦੀ ਵਿਵਸਥਾ ਗੁਰੂ ਅਮਰਦਾਸ ਜੀ ਦੀ ਦੇਣ ਹੈ। ਉਨ੍ਹਾਂ ਦੇ ਲੰਗਰ ਵਿੱਚ ਸਮਰਾਟ ਅਕਬਰ ਨੇ ਵੀ ਲੰਗਰ ਛਕਿਆ।
- **ਬਾਣੀ**

---

- ਗੁਰੂ ਅਮਰਦਾਸ ਜੀ ਨੇ ਸਿੱਖ ਮੱਤ ਦੇ ਸੰਗਠਨ ਤੇ ਵਿਕਾਸ ਲਈ ਆਪਣੇ 22 ਵਰ੍ਹਿਆਂ ਦੇ ਗੁਰੂ ਕਾਲ ਵਿੱਚ ਬਹੁਤ ਸਾਰੇ ਮਹੱਤਵਪੂਰਨ ਕੰਮ ਕੀਤੇ। ਗੁਰੂ ਅਮਰਦਾਸ ਜੀ ਦੀ ਬਾਣੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ 907 ਸ਼ਬਦ, 19 ਰਾਗਾਂ ਵਿੱਚ ਅੰਕਿਤ ਹਨ।
- **ਜੋਤੀ ਜੋਤਸ**

---

- ਗੁਰੂ ਅਮਰਦਾਸ ਜੀ ਨੇ 1 ਸਤੰਬਰ 1574 ਨੂੰ ਗੁਰੂ ਰਾਮਦਾਸ ਜੀ ਨੂੰ ਗੁਰੂ ਗੱਦੀ ਸੌਂਪੀ, ਅਤੇ ਇਸ ਤੋਂ ਬਾਅਦ ਆਪ ਜੋਤੀ ਜੋਤ ਸਮਾ ਗਏ।[2]]